BRITISH COLUMBIA HealthLinkBC

Punjabi - Number 18a
February 2023

# ਟੈਟਨਸ ਅਤੇ ਡਿਪਥੀਰੀਆ (ਟੀਡੀ) ਵੈਕਸੀਨ

## Tetanus and Diphtheria (Td) Vaccine

ਬਿਮਾਰੀਆਂ ਤੋਂ ਬਚਾਉਣ ਲਈ ਟੀਕਾਕਰਣ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਸਿਹਤ ਸੰਬੰਧੀ ਕਿਸੇ ਵੀ ਹੋਰ ਜਤਨ ਨਾਲੋਂ ਜਿਆਦਾ ਜਾਨਾਂ ਬਚਾਈਆਂ ਹਨ।

### ਟੀਡੀ ਵੈਕਸੀਨ ਕੀ ਹੈ?

ਟੀਡੀ ਵੈਕਸੀਨ 2 ਬਿਮਾਰੀਆਂ ਦੇ ਵਿਰੁੱਧ ਰੱਖਿਆ ਕਰਦੀ ਹੈ:

- ਟੈਟਨਸ
- ਡਿਪਥੀਰੀਆ

ਇਹ ਵੈਕਸੀਨ ਹੈਲਥ ਕੈਨੇਡਾ ਵਲੋਂ ਮਾਨਤਾ ਪ੍ਰਾਪਤ ਹੈ ਅਤੇ ਮੁਫਤ ਦਿੱਤੀ ਜਾਂਦੀ ਹੈ। ਮਿਲਣ ਦਾ ਸਮਾਂ ਤਹਿ ਕਰਨ ਲਈ ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਫੋਨ ਕਰੋ।

ਬਚਪਨ ਦੀ ਸ਼ੁਰੂਆਤ ਵਿੱਚ ਟੈਟਨਸ ਅਤੇ ਡਿਪਥੀਰੀਆ ਲਈ ਟੀਕੇ ਦੂਸਰੀਆਂ ਵੈਕਸੀਨਾਂ ਜਿਵੇਂ ਕਿ ਪਰਟੂਸਿਸ (ਵੂਪਿੰਗ ਕੱਫ) ਅਤੇ ਪੋਲੀਓ ਦੇ ਨਾਲ ਮਿਲਾਏ ਜਾਂਦੇ ਹਨ। ਇੰਨ੍ਹਾਂ ਨੂੰ ਖੁਰਾਕਾਂ ਦੀ ਲੜੀ ਦੀ ਤਰ੍ਹਾਂ ਦਿੱਤਾ ਜਾਂਦਾ ਹੈ। ਜਿਆਦਾਤਰ ਬੱਚੇ ਇੰਨ੍ਹਾਂ ਨੂੰ ਨਿਆਣਿਆਂ ਅਤੇ ਰਿੜ੍ਹਨ ਵਾਲੇ ਬੱਚਿਆਂ ਦੀ ਤਰ੍ਹਾਂ ਪ੍ਰਾਪਤ ਕਰਦੇ ਹਨ। ਉਹ ਕਿੰਡਰਗਾਰਟਨ ਸ਼ੁਰੂ ਕਰਨ ਤੋਂ ਪਹਿਲਾਂ ਅਤੇ ਗਰੇਡ 9 ਵਿੱਚ ਦੋਬਾਰਾ ਇੱਕ ਬੂਸਟਰ ਖੁਰਾਕ ਪ੍ਰਾਪਤ ਕਰਦੇ ਹਨ।

ਇੰਨ੍ਹਾਂ ਇਮਿਊਨਾਈਜ਼ੇਸ਼ਨਾਂ ਬਾਰੇ ਹੋਰ ਜਾਣਕਾਰੀ ਵਾਸਤੇ ਇਹ ਦੇਖੋ:

- HealthLinkBC File #15a ਟੈਟਨਸ, ਡਿਪਥੀਰੀਆ, ਪਰਟੂਸਿਸ, ਪੋਲੀਓ (ਟੀਡੈਪ-ਆਈਪੀਵੀ) ਵੈਕਸੀਨ
- HealthLinkBC File #15b ਡਿਪਥੀਰੀਆ, ਟੈਟਨਸ,ਪਰਟੂਸਿਸ, ਪੋਲੀਓ, *ਹੀਮੋਫਿਲਸ ਇਨਫਲੂਐਂਜ਼ਾਈ* ਟਾਈਪ ਬੀ. (ਡੀਟੈਪ-ਆਈਪੀਵੀ-ਹਿਬ) ਵੈਕਸੀਨ
- HealthLinkBC File #18c ਟੈਟਨਸ, ਡਿਪਥੀਰੀਆ ਅਤੇ ਪਰਟੂਸਿਸ (ਟੀਡੈਪ) ਵੈਕਸੀਨ
- HealthLinkBC File #105 ਡਿਪਥੀਰੀਆ, ਟੈਟਨਸ, ਪਰਟੂਸਿਸ, ਹੈਪੇਟਾਈਟਸ ਬੀ, ਪੋਲਿਓ, ਅਤੇ *ਹੀਮੋਫਿਲਿਸ ਇੰਫਲੂਐਨਜ਼ਾਏ* ਟਾਇਪ ਬੀ (ਡੀਟੈਪ-ਐਚਬੀ-ਆਈਪੀਵੀ-ਹਿਬ) ਵੈਕਸੀਨ

### ਟੀਡੀ ਵੈਕਸੀਨ ਕਿਸ ਨੂੰ ਦਿੱਤੀ ਜਾਣੀ ਚਾਹੀਦੀ ਹੈ?

ਵੈਕਸੀਨ ਉਨ੍ਹਾਂ ਲੋਕਾਂ ਨੂੰ ਦਿੱਤੀ ਜਾ ਸਕਦੀ ਹੈ ਜਿਹੜੇ ਘੱਟੋ ਘੱਟ 7 ਸਾਲ ਦੀ ਉਮਰ ਦੇ ਹਨ। ਅਜਿਹੇ ਬਾਲਗ ਲੋਕ ਜਿੰਨ੍ਹਾਂ ਨੂੰ ਛੋਟੀ ਉਮਰ ਵਿੱਚ ਟੈਟਨਸ ਅਤੇ ਡਿਪਥੀਰੀਆ ਲਈ ਟੀਕੇ ਲਗਾਏ ਸੀ ਨੂੰ ਹਰ 10 ਸਾਲ ਬਾਅਦ ਇੱਕ ਬੂਸਟਰ ਖੁਰਾਕ ਦਿੱਤੀ ਜਾਣੀ ਚਾਹੀਦੀ ਹੈ। ਇਹ ਬੂਸਟਰ ਇੰਨ੍ਹਾਂ ਬਿਮਾਰੀਆਂ ਵਿਰੁੱਧ ਬਿਹਤਰ ਰੱਖਿਆ ਮੁਹੱਈਆ ਕਰਨ ਵਾਸਤੇ ਸੁਰੱਖਿਆ ਪ੍ਰਣਾਲੀ ਨੂੰ ਮਜ਼ਬੂਤ ਬਣਾਉਂਦੇ ਜਾਂ ਉਸ ਨੂੰ ਉਤਾਂਹ ਚੁੱਕਦਾ ਹੈ। ਅਜਿਹੇ ਬਾਲਗ ਜਿੰਨ੍ਹਾਂ ਦਾ ਟੀਕਾਰਕਣ ਨਹੀਂ ਕੀਤਾ ਗਿਆ ਹੈ ਜਾਂ ਜਿੰਨ੍ਹਾਂ ਕੋਲ ਪਹਿਲਾਂ ਕੀਤੇ ਗਏ ਟੀਕਾਕਰਣ ਦਾ ਰਿਕਾਰਡ ਨਹੀਂ ਹੈ ਨੂੰ ਵੀ ਇਹ ਵੈਕਸੀਨ ਦਿੱਤੀ ਜਾਣੀ ਚਾਹੀਦੀ ਹੈ। ਇਹ ਵੈਕਸੀਨ ਗੰਭੀਰ ਚੀਰਾਂ ਜਾਂ ਡੂੰਘੀਆਂ ਸੱਟਾਂ ਵਾਲੇ ਲੋਕਾਂ ਨੂੰ ਵੀ ਦਿੱਤੀ ਜਾ ਸਕਦੀ ਹੈ ਜੇ ਉਨ੍ਹਾਂ ਦੀ ਆਖਰੀ ਟੈਟਨਸ ਵੈਕਸੀਨ 5 ਸਾਲ ਤੋਂ ਵੱਧ ਪਹਿਲਾਂ ਦਿੱਤੀ ਗਈ ਸੀ।

ਜੇ ਤੁਹਾਨੂੰ ਚੋਭਾਂ, ਵੱਢਾਂ, ਸਾੜਾਂ ਜਾਂ ਝਰੀਟਾਂ ਸਮੇਤ ਗੰਭੀਰ ਚੀਰ ਜਾਂ ਜ਼ਖਮ ਹਨ, ਤਾਂ ਸਿਫਾਰਸ਼ ਕੀਤੀ ਜਾਂਦੀ ਹੈ ਕਿ ਤੁਸੀਂ ਇਲਾਜ ਲਈ ਤੁਰੰਤ ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਮਿਲੋ। ਇਹ ਖਾਸ ਕਰਕੇ ਮਹੱਤਵਪੂਰਨ ਹੈ ਜੇ ਜ਼ਖਮ ਗੰਦਾ ਹੈ।

ਬਿਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

### ਟੀਡੀ ਵੈਕਸੀਨ ਦੇ ਕੀ ਲਾਭ ਹਨ?

ਟੀਡੀ ਵੈਕਸੀਨ ਟੈਟਨਸ ਅਤੇ ਡਿਪਥੀਰੀਆ, ਜੋ ਕਿ ਗੰਭੀਰ ਅਤੇ ਕਈ ਵਾਰੀ ਜਾਨਲੇਵਾ ਬਿਮਾਰੀਆਂ ਹੋ ਸਕਦੀਆਂ ਹਨ ਦੇ ਵਿਰੁੱਧ ਰੱਖਿਆ ਕਰਨ ਦਾ ਸਭ ਤੋਂ ਚੰਗਾ ਤਰੀਕਾ ਹੈ।

ਜਦੋਂ ਤੁਸੀਂ ਬਿਮਾਰੀਆਂ ਤੋਂ ਬਚਾਉ ਲਈ ਟੀਕੇ ਲਗਵਾਉਂਦੇ ਹੋ ਤਾਂ, ਤੁਸੀਂ ਦੂਜਿਆਂ ਦੀ ਰੱਖਿਆ ਕਰਨ ਵਿੱਚ ਵੀ ਮਦਦ ਕਰਦੇ ਹੋ।

### ਵੈਕਸੀਨ ਦੇ ਬਾਦ ਦੀਆਂ ਸੰਭਾਵੀ ਪ੍ਰਤੀਕ੍ਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹੁੰਦੀਆਂ ਹਨ। ਵੈਕਸੀਨ ਲਗਵਾਉਣਾ ਟੈਟਨਸ ਜਾਂ ਡਿਪਥੀਰੀਆ ਦਾ ਸ਼ਿਕਾਰ ਹੋਣ ਤੋਂ ਜਿਆਦਾ ਸੁਰੱਖਿਅਤ ਹੈ।

ਵੈਕਸੀਨਾਂ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਥਾਂ ਤੇ ਜਲਨ, ਲਾਲੀ, ਅਤੇ ਸੋਜ ਸ਼ਾਮਲ ਹੋ ਸਕਦੇ ਹਨ। ਬੁਖਾਰ, ਸਿਰਦਰਦ, ਅਤੇ ਮਾਸਪੇਸ਼ੀਆਂ ਵਿੱਚ ਜਲਨ ਵੀ ਹੋ ਸਕਦੇ ਹਨ।

> ਅਸੀਟਾਮੇਨੋਫੇਨ (Acetaminophen) (ਉਦਾਹਰਣ ਲਈ ਟਾਇਲੇਨੌਲ (Tylenol®)) ਜਾਂ ਆਈਬਿਊਪ੍ਰੋਫੇਨ (ibuprofen*) (ਉਦਹਾਰਣ ਲਈ ਐਡਵਿਲ (Advil®)) ਬੁਖਾਰ ਜਾਂ ਜਲਨ ਲਈ ਦਿੱਤੀ ਜਾ ਸਕਦੀ ਹੈ। ਏਐਸਏ (ASA) (ਉਦਾਹਰਣ ਲਈ ਐਸਪਰੀਨ (Aspirin®)) ਰੇ ਸਿੰਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

ਰੇਏ ਸਿੰਡਰੋਮ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਹੈਲਥਲਿੰਕ ਬੀ.ਸੀ. ਫ਼ਾਈਲ HealthLinkBC File #84 ਰੇਏ ਸਿੰਨਡਰੋਮ ਦੇਖੋ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜਰੂਰੀ ਹੈ ਕਿਉਂਕਿ ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ, ਇੱਕ ਮਿਲਿਅਨ ਵਿੱਚੋਂ 1 ਤੋਂ ਵੀ ਘੱਟ, ਸੰਭਾਵਨਾ ਹੋ ਸਕਦੀ ਹੈ। ਇਸ

ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ। ਜੇ ਅਜਿਹੀ ਪ੍ਰਤੀਕਿਰਿਆ ਹੁੰਦੀ ਹੈ ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਇਸ ਦਾ ਇਲਾਜ ਕਰਨ ਲਈ ਤਿਆਰ ਹੈ। ਐਮਰਜੈਂਸੀ ਇਲਾਜ ਵਿੱਚ ਸ਼ਾਮਲ ਹੈ ਐਪੀਨੈਫਰਿੰਨ (ਐਡਰੇਨੇਲਿੰਨ) ਦੇਣਾ ਅਤੇ ਐਂਬੁਲੈਂਸ ਰਾਹੀਂ ਸਭ ਤੋਂ ਨਜ਼ਦੀਕੀ ਐਮਰਜੈਂਸੀ ਵਿਭਾਗ ਤੱਕ ਟਰਾਂਸਫਰ। ਜੇ ਅਜਿਹੇ ਲੱਛਣ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਦ ਵਿਕਸਤ ਹੁੰਦੇ ਹਨ, ਤਾਂ **9-1-1** ਜਾਂ ਸਥਾਨਕ ਐਮਰਜੈਂਸੀ ਨੰਬਰ ਉੱਤੇ ਫੋਨ ਕਰੋ।

ਸਾਰੀਆਂ ਗੰਭੀਰ ਜਾਂ ਅਣਿਆਈਆਂ ਪ੍ਰਤੀਕ੍ਰਿਆਵਾਂ ਬਾਰੇ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨੂੰ ਹਮੇਸ਼ਾ ਦਸਣਾ ਮਹੱਤਵਪੂਰਨ ਹੈ।

## ਟੀਡੀ ਵੈਕਸੀਨ ਕਿਸ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ?

ਜੇ ਤੁਹਾਨੂੰ ਜਾਂ ਤੁਹਾਡੇ ਬੱਚੇ ਨੂੰ ਪਹਿਲਾਂ ਲਈ ਗਈ ਟੈਟਨਸ ਜਾਂ ਡਿਪਥੀਰੀਆ ਵੈਕਸੀਨ ਦੀ ਖੁਰਾਕ, ਜਾਂ ਵੈਕਸੀਨ ਦੇ ਕਿਸੇ ਵੀ ਅੰਸ਼ ਪ੍ਰਤੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਪ੍ਰਤੀਕ੍ਰਿਆ ਹੋਈ ਹੈ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

ਟੈਟਨਸ ਵੈਕਸੀਨ ਲਗਵਾਉਣ ਦੇ 8 ਹਫਤਿਆਂ ਦੇ ਅੰਦਰ ਹੀ ਬਿਨਾਂ ਕਿਸੇ ਹੋਰ ਜਾਣੇ ਪਛਾਣੇ ਕਾਰਣ ਦੀ ਪਛਾਣ ਕੀਤੇ ਜਾਣ ਬਗੈਰ ਗੁਲੀਅਨ ਬਾਰ ਸਿੰਨਡਰੋਮ (ਜੀ ਬੀ ਐਸ) ਵਿਕਸਤ ਕਰਨ ਵਾਲੇ ਲੋਕਾਂ ਨੂੰ ਟੀਡੀ ਵੈਕਸੀਨ ਨਹੀਂ ਦਿੱਤੀ ਜਾਣੀ ਚਾਹੀਦੀ। ਜੀ ਬੀ ਐਸ ਇੱਕ ਵਿਰਲੀ ਅਵਸਥਾ ਹੈ ਜਿਸ ਦਾ ਨਤੀਜਾ ਸਰੀਰ ਦੀਆਂ ਮਾਸਪੇਸ਼ੀਆਂ ਵਿੱਚ ਕਮਜ਼ੋਰੀ ਅਤੇ ਲਕਵਾ ਹੋ ਸਕਦਾ ਹੈ। ਇਹ ਸਭ ਤੋਂ ਆਮਤੌਰ ਉਤੇ ਵਿਗਾੜਾਂ ਤੋਂ ਬਾਦ ਹੁੰਦੀ ਹੈ, ਪਰ ਵਿਰਲੇ ਕੇਸਾਂ ਵਿੱਚ ਕੁਝ ਵੈਕਸੀਨਾਂ ਤੋਂ ਬਾਦ ਵੀ ਹੋ ਸਕਦੀ ਹੈ।

ਜ਼ੁਕਾਮ ਜਾਂ ਕਿਸੇ ਹੋਰ ਹਲਕੀ ਬਿਮਾਰੀ ਕਰਕੇ ਬਿਮਾਰੀਆਂ ਤੋਂ ਬਚਾਉਣ ਵਾਲੇ ਟੀਕੇ ਲਗਵਾਉਣ ਨੂੰ ਟਾਲਣ ਦੀ ਲੋੜ ਨਹੀਂ ਹੈ। ਪਰ, ਜੇ ਤੁਹਾਡੀਆਂ ਕੁਝ ਚਿੰਤਾਵਾਂ ਹਨ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

## ਟੈਟਨਸ ਅਤੇ ਡਿਪਥੀਰੀਆ ਕੀ ਹਨ?

**ਟੈਟਨਸ**, ਜਿਸ ਨੂੰ ਲੌਕਜਾਅ (Lockjaw) ਵੀ ਕਿਹਾ ਜਾਂਦਾ ਹੈ, ਦਾ ਕਾਰਨ ਅਜਿਹਾ ਬੈਕਟੀਰੀਆ ਹੈ ਜੋ ਅਕਸਰ ਮਿੱਟੀ ਵਿੱਚ ਪਾਇਆ ਜਾਂਦਾ ਹੈ। ਜਦੋਂ ਇਹ ਬੈਕਟੀਰੀਆ ਚੀਰ ਜਾਂ ਝਰੀਟ ਦੇ ਰਾਹੀਂ ਚਮੜੀ ਵਿੱਚ ਦਾਖਲ ਹੋ ਜਾਂਦੇ ਹਨ, ਤਾਂ ਉਹ ਅਜਿਹੇ ਜ਼ਹਿਰ ਦਾ ਉਤਪਾਦਨ ਕਰਦੇ ਹਨ ਜੋ ਸਾਰੇ ਸਰੀਰ ਵਿੱਚ ਮਾਸਪੇਸ਼ੀਆਂ ਦੀ ਦਰਦਨਾਕ ਅਕੜਨ ਦਾ ਕਾਰਨ ਬਣ ਸਕਦਾ ਹੈ। ਜੇ ਸਾਹ ਲੈਣ ਵਾਲੀਆਂ ਮਾਸਪੇਸ਼ੀਆਂ ਪ੍ਰਭਾਵਤ ਹੋ ਜਾਣ ਤਾਂ ਇਹ ਬਹੁਤ ਗੰਭੀਰ ਹੈ। ਟੈਟਨਸ ਹੋਣ ਵਾਲੇ 5 ਵਿਅਕਤੀਆਂ ਵਿੱਚੋਂ 1 ਦੀ ਮੌਤ ਤੱਕ ਹੋ ਸਕਦੀ ਹੈ।

**ਡਿਪਥੀਰੀਆ**, ਨੱਕ ਅਤੇ ਗਲੇ ਦਾ ਇੱਕ ਗੰਭੀਰ ਵਿਗਾੜ ਹੈ ਜੋ ਡਿਪਥੀਰੀਆ ਬੈਕਟੀਰੀਆ ਕਰਕੇ ਹੁੰਦਾ ਹੈ। ਇਹ ਬੈਕਟੀਰੀਆ ਲੋਕਾਂ ਦੇ ਛਿੱਕਣ ਜਾਂ ਖੰਘਣ ਕਰਕੇ ਹਵਾ ਰਾਹੀਂ,ਅਤੇ ਸਿੱਧੇ ਤੌਰ ਉੱਤੇ ਚਮੜੀ ਨਾਲ ਚਮੜੀ ਦਾ ਸੰਪਰਕ ਹੋਣ ਨਾਲ ਫੈਲਦੇ ਹਨ। ਇਸ ਬਿਮਾਰੀ ਦਾ ਨਤੀਜਾ ਸਾਹ ਸੰਬੰਧੀ ਬਹੁਤ ਗੰਭੀਰ ਸਮੱਸਿਆਵਾਂ ਹੋ ਸਕਦਾ ਹੈ। ਇਹ ਹਾਰਟ ਫੇਲ ਹੋਣ ਜਾਂ ਲਕਵੇ ਦਾ ਕਾਰਨ ਵੀ ਬਣ ਸਕਦੀ ਹੈ। ਸੰਭਵ ਹੈ ਕਿ ਡਿਪਥੀਰੀਆ ਹੋਣ ਵਾਲੇ ਲਗਭਗ 10 ਲੋਕਾਂ ਵਿੱਚੋਂ 1 ਦੀ ਮੌਤ ਹੋ ਜਾਏ।

ਬਚਪਨ ਦੇ ਨੇਮਕ ਟੀਕਾਕਰਣ ਪ੍ਰੋਗਰਾਮਾਂ ਕਰਕੇ ਇਹ ਬਿਮਾਰੀਆਂ ਹੁਣ ਬੀ.ਸੀ. ਵਿੱਚ ਵਿਰਲੀਆਂ ਹਨ।

## ਸਿਆਣੇ ਨਾਬਾਲਗਾਂ ਦੀ ਸਹਿਮਤੀ

ਸਿਫ਼ਾਰਸ਼ ਕੀਤੀ ਜਾਂਦੀ ਹੈ ਕਿ ਮਾਪੇ ਜਾਂ ਸਰਪ੍ਰਸਤ ਅਤੇ ਉਨ੍ਹਾਂ ਦੇ ਬੱਚੇ ਟੀਕਾਕਰਣ (ਇਮਿਊਨਾਈਜ਼ੇਸ਼ਨ) ਲਈ ਸਹਿਮਤੀ ਬਾਰੇ ਚਰਚਾ ਕਰਨ। 19 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਜਿਹੜੇ ਹਰ ਵੈਕਸੀਨ ਦੇ ਲਾਭ ਅਤੇ ਸੰਭਵ ਪ੍ਰਤੀਕਿਰਿਆਵਾਂ ਅਤੇ ਇਮਿਊਨਾਈਜ਼ੇਸ਼ਨ ਨਾ ਕਰਵਾਉਣ ਦੇ ਜੋਖਮ ਸਮਝਣ ਦੇ ਕਾਬਲ ਹੋਣ, ਕਾਨੂੰਨੀ ਤੌਰ ਤੇ ਇਮਿਊਨਾਈਜ਼ੇਸ਼ਨ ਲਈ ਸਹਿਮਤ ਹੋ ਸਕਦੇ ਜਾਂ ਇਨਕਾਰ ਕਰ ਸਕਦੇ ਹਨ। ਸਿਆਣੇ ਨਾਬਾਲਗਾਂ ਦੀ ਸਹਿਮਤੀ ਬਾਰੇ ਹੋਰ ਜਾਣਕਾਰੀ ਵਾਸਤੇ HealthLinkBC File #119 ਦ ਇੰਨਫੈਂਟਸ ਐਕਟ, ਸਿਆਣੇ ਨਾਬਾਲਗਾਂ ਦੀ ਸਹਿਮਤੀ ਅਤੇ ਇਮਿਊਨਾਈਜ਼ੇਸ਼ਨ ਦੇਖੋ।

## ਹੋਰ ਜਾਣਕਾਰੀ ਲਈ

ਇਮਿਊਨਾਈਜ਼ੇਸ਼ਨਾਂ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਇਮਿਊਨਾਈਜ਼ ਬੀਸੀ ਨੂੰ https://immunizebc.ca/'ਤੇ ਦੇਖੋ।

BRITISH COLUMBIA ImmunizeBC

BC Centre for Disease Control
Provincial Health Services Authority